ੴ ਵਾਹਿਗੁਰੂ ਜੀ ਕੀ ਫ਼ਤਹ ॥

ਸਚੋ ਤਖ਼ਤੁ ਰਚਾਇਆ
ਸ੍ਰੀ ਅਕਾਲ ਤਖ਼ਤ ਸਾਹਿਬ ਜੀ

ਸ੍ਰੀ ਅਕਾਲ ਤਖ਼ਤ ਸਾਹਿਬ

Sri Akal Takhat Sahib, Sri Amritsar (Pb.) India

ਨੰਬਰ ਅਮ: 3/09/3490 ਮਿਤੀ 17-11-2009

ਅੱਜ ਮਿਤੀ 4 ਮੱਘਰ, ਸੰਮਤ ਨਾਨਕਸ਼ਾਹੀ 541 (17 ਨਵੰਬਰ 2009) ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਵਿੱਚ ਪ੍ਰਵਾਨ ਕੀਤਾ

ਮਤਾ ਨੰਬਰ 10

ਗੁਰਦੁਆਰਾ ਸਾਹਿਬ ਰੋਚੈਸਟਰ, ਨਿਊਯਾਰਕ (ਯੂ.ਐਸ.ਏ.) ਵਿਖੇ ਕੀਰਤਨ ਦੌਰਾਨ ਤੁਹਾਡੇ ਵਲੋਂ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਸਬੰਧੀ ਕੀਤੀਆਂ ਘੱਟੀਆ ਟਿੱਪਣੀਆਂ ਕਾਰਨ ਦੇਸ਼-ਵਿਦੇਸ਼ ਦੀਆਂ ਸੰਗਤਾਂ ਦੇ ਹਿਰਦੇ ਵਲੂੰਧਰੇ ਗਏ ਹਨ। ਇਸ ਸਬੰਧੀ ਦੇਸ਼-ਵਿਦੇਸ਼ ਦੀਆਂ ਸੰਗਤਾਂ ਵਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਲਿਖਤੀ, ਟੈਲੀਫੋਨ ਰਾਹੀਂ ਅਤੇ ਸਬੰਧਤ ਟਿੱਪਣੀਆਂ ਵਾਲੀਆਂ ਸੀਡੀਜ਼ ਭੇਜ ਕੇ ਤੁਹਾਡੇ ਵਿਰੁੱਧ ਕਾਰਵਾਈ ਕਰਨ ਦੀ ਮੰਗ ਕੀਤੀ ਗਈ ਹੈ। ਇਸ ਲਈ ਤੁਹਾਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਬਾਰੇ ਇਤਰਾਜ਼ਯੋਗ ਟਿੱਪਣੀਆਂ ਦੇ ਸਪੱਸ਼ਟੀਕਰਨ ਦੇਣ ਹਿੱਤ ਨਿੱਜੀ ਤੌਰ ਤੇ ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਅੰਮ੍ਰਿਤਸਰ ਵਿਖੇ ਮਿਤੀ 22 ਮੱਘਰ, ਸੰਮਤ ਨਾਨਕਸ਼ਾਹੀ 541 ਮੁਤਾਬਕ 5-12-2009 ਨੂੰ ਦੁਪਹਿਰ 12-00 ਵਜੇ ਹਾਜ਼ਰ ਹੋਣ ਲਈ ਆਦੇਸ਼ ਦਿੱਤਾ ਜਾਂਦਾ ਹੈ। ਇਸ ਦੇ ਨਾਲ ਹੀ ਦੇਸ਼-ਵਿਦੇਸ਼ ਦੀਆਂ ਸਮੂੰਹ ਸੰਗਤਾਂ ਤੇ ਗੁਰੂ-ਘਰਾਂ ਦੀਆਂ ਪ੍ਰਬੰਧਕ ਕਮੇਟੀਆਂ, ਸਭਾ-ਸੁਸਾਇਟੀਆਂ ਨੂੰ ਆਦੇਸ਼ ਦਿੱਤਾ ਜਾਂਦਾ ਹੈ ਕਿ ਜਦੋਂ ਤੱਕ ਪ੍ਰੋਫੈਸਰ ਦਰਸ਼ਨ ਸਿੰਘ ਵਲੋਂ ਦਸਮ ਪਿਤਾ ਬਾਰੇ ਬੋਲੇ ਗਏ ਕੂੜ-ਕੁਫਰ ਪ੍ਰਚਾਰ ਸਬੰਧੀ ਸਪੱਸ਼ਟੀਕਰਨ ਨਹੀਂ ਦਿੱਤਾ ਜਾਂਦਾ, ਉਦੋਂ ਤੱਕ ਉਸ ਦੇ ਕਿਸੇ ਵੀ ਧਾਰਮਿਕ ਸਟੇਜ ਤੋਂ ਕਥਾ-ਕੀਰਤਨ ਕਰਨ ਅਤੇ ਬੋਲਣ 'ਤੇ ਪੂਰਨ ਤੌਰ ਤੇ ਪਾਬੰਦੀ ਲਗਾਈ ਜਾਂਦੀ ਹੈ।

ਗੁਰਬਚਨ ਸਿੰਘ

(ਗੁਰਬਚਨ ਸਿੰਘ)
ਜਥੇਦਾਰ,
ਸ੍ਰੀ ਅਕਾਲ ਤਖ਼ਤ ਸਾਹਿਬ।